ਕੇਂਦਰ ਸਰਕਾਰ, ਪੰਜਾਬ ਸਰਕਾਰ, ਹਰਿਆਣਾ ਸਰਕਾਰ ਤੋਂ ਹਰ ਤਰ੍ਹਾਂ ਦੇ ਸਰਕਾਰੀ ਇਸ਼ਤਿਹਾਰਾਂ ਲਈ ਮਨਜ਼ੂਰ। ਇਸ਼ਤਿਹਾਰ ਪ੍ਰਕਾਸ਼ਿਤ ਕਰਵਾਉਣ ਲਈ ਸੰਪਰਕ ਕਰੋ।
email: advtdeshpardesh.com

ਰੋਜ਼ਾਨਾ
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 35ਵਾਂ ਸਾਲ

ਦੇਸ਼ ਪ੍ਰਦੇਸ਼

Email - deshpardeshchd@gmail.com
ਮੁੱਖ ਸੰਪਾਦਕ ਸ਼ਸ਼ੀ ਪਾਲ ਜੈਨ
Des Pardes
ਪੰਜਾਬ ਐਡੀਸ਼ਨ
PUNJAB EDITION
ਸਾਹਿਬਜ਼ਾਦਾ ਅਜੀਤ ਸਿੰਘ ਨਗਰ

ਪੰਜਾਬ ਨਗਰ ਨਿਗਮ ਚੋਣਾਂ ਨੂੰ ਲੈ ਕੇ ਐਚਸੀ ਵੱਲੋਂ ਸੂਬਾ ਚੋਣ ਕਮਿਸ਼ਨ ਨੂੰ ਜਾਰੀ ਨਿਰਦੇਸ਼ 07

ਸਾਲ 36, ਅੰਕ 143 Ph (Mohali Office) : 0160-2990739; (M) : +91-98156-16078 ਐਤਵਾਰ, 24 ਮਈ 2026 (10 ਜੇਠ, ਨਾਨਕਸ਼ਾਹੀ ਸੰਮਤ 558) RNI NO. PBPUN/25/RAA36(51354/90) ਸਫ਼ੇ – 8 ਮੁੱਲ : ₹ 2

ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਪੀਐਮ ਮੋਦੀ ਨਾਲ ਮੁਲਾਕਾਤ ਦੌਰਾਨ ਦੁਵੱਲੇ ਤੇ ਵਿਸ਼ਵਵਿਆਪੀ ਮੁੱਦਿਆਂ 'ਤੇ ਚਰਚਾ ਕੀਤੀ

ਪੀਐਮ ਮੋਦੀ ਨੂੰ ਵ੍ਹਾਈਟ ਹਾਊਸ ਆਉਣ ਲਈ ਸੱਦਾ ਦਿੱਤਾ

ਦੇਸ਼ ਪ੍ਰਦੇਸ਼ **ਨਵੀਂ ਦਿੱਲੀ, 23 ਮਈ (ਦੇਸ਼ ਪ੍ਰਦੇਸ਼ ਬਿਊਰੋ)** : ਆਪਣੇ ਭਾਰਤ ਦੇ ਚਾਰ ਦਿਨਾਂ ਦੌਰੇ 'ਤੇ ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ, ਦੋਵਾਂ ਦੇਸ਼ਾਂ ਦੇ ਨੇਤਾਵਾਂ ਨੇ ਵਪਾਰ ਅਤੇ ਸੁਰੱਖਿਆ ਸਬੰਧਾਂ ਸਮੇਤ ਕਈ ਮੁੱਦਿਆਂ 'ਤੇ ਚਰਚਾ ਕੀਤੀ। ਇਸ ਤੋਂ ਇਲਾਵਾ, ਅਮਰੀਕੀ ਵਿਦੇਸ਼ ਮੰਤਰੀ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਵ੍ਹਾਈਟ ਹਾਊਸ ਆਉਣ ਦਾ ਸੱਦਾ ਦਿੱਤਾ। ਇਸ ਤੋਂ ਪਹਿਲਾਂ, ਰੂਬੀਓ ਦਿੱਲੀ ਲਈ ਰਵਾਨਾ ਹੋਣ ਤੋਂ ਪਹਿਲਾਂ ਸ਼ਨੀਵਾਰ ਨੂੰ ਕੋਲਕਾਤਾ ਪਹੁੰਚੇ ਸਨ।

ਅਮਰੀਕੀ ਰਾਜਦੂਤ ਸਰਜੀਓ ਗੋਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵ੍ਹਾਈਟ ਹਾਊਸ ਆਉਣ ਲਈ ਰਸਮੀ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਸੱਦਾ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਵਿਦੇਸ਼ ਮੰਤਰੀ ਮਾਰਕੋ ਰੂਬੀਓ ਰਾਹੀਂ

ਦਿੱਤਾ ਗਿਆ ਸੀ। ਸਰਜੀਓ ਗੋਰ ਦੇ ਅਨੁਸਾਰ, ਪ੍ਰਧਾਨ ਮੰਤਰੀ ਮੋਦੀ ਅਤੇ ਮਾਰਕੋ ਰੂਬੀਓ ਵਿਚਕਾਰ ਗੱਲਬਾਤ ਬਹੁਤ ਸਕਾਰਾਤਮਕ ਅਤੇ ਰਚਨਾਤਮਕ ਸੀ। ਮੀਟਿੰਗ ਦੌਰਾਨ, ਸੁਰੱਖਿਆ, ਵਪਾਰ ਅਤੇ ਮਹੱਤਵਪੂਰਨ ਤਕਨਾਲੋਜੀਆਂ ਦੇ ਖੇਤਰਾਂ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਸਹਿਯੋਗ ਨੂੰ ਹੋਰ ਡੂੰਘਾ ਕਰਨ ਦੇ ਤਰੀਕਿਆਂ ਬਾਰੇ ਵਿਸਤ੍ਰਿਤ ਚਰਚਾ ਕੀਤੀ ਗਈ।

ਰਾਜਧਾਨੀ ਦਿੱਲੀ ਵਿੱਚ ਆਪਣੇ ਠਹਿਰਾਅ ਦੌਰਾਨ, ਅਮਰੀਕੀ ਵਿਦੇਸ਼ ਮੰਤਰੀ ਕਈ ਮੁੱਖ ਸਮਾਗਮਾਂ ਵਿੱਚ ਹਿੱਸਾ ਲੈਣਗੇ। ਉਹ ਅਮਰੀਕੀ ਦੂਤਾਵਾਸ ਸਹਾਇਤਾ ਐਨੈਕਸ ਬਿਲਡਿੰਗ ਦੇ ਉਦਘਾਟਨ ਸਮਾਰੋਹ ਨੂੰ ਸੰਬੋਧਨ ਕਰਨਗੇ ਅਤੇ ਰੂਜ਼ਵੈਲਟ ਹਾਊਸ ਵਿਖੇ ਅਮਰੀਕੀ ਰਾਜਦੂਤ ਸਰਜੀਓ ਗੋਰ ਦੁਆਰਾ ਆਯੋਜਿਤ ਇੱਕ ਸਵਾਗਤ ਸਮਾਰੋਹ ਵਿੱਚ ਵੀ ਸ਼ਾਮਲ ਹੋਣਗੇ।

ਐਤਵਾਰ ਨੂੰ, ਮਾਰਕੋ ਰੂਬੀਓ ਭਾਰਤ ਦੇ ਵਿਦੇਸ਼ ਮੰਤਰੀ, ਐਸ. ਜੈਸ਼ੰਕਰ ਨਾਲ ਦੁਵੱਲੀ ਗੱਲਬਾਤ ਕਰਨਗੇ। ਇਸ ਮੀਟਿੰਗ ਵਿੱਚ ਊਰਜਾ, ਵਪਾਰ, ਨਿਵੇਸ਼, ਮਹੱਤਵਪੂਰਨ ਤਕਨਾਲੋਜੀਆਂ ਅਤੇ ਲੋਕਾਂ ਤੋਂ ਲੋਕਾਂ ਦੇ ਸੰਪਰਕ ਦੇ ਖੇਤਰਾਂ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰਨ 'ਤੇ ਖਾਸ ਚਰਚਾ ਹੋਣ ਦੀ

ਬਾਕੀ ਸਫ਼ਾ 7 'ਤੇ

ਸਰਕਾਰ ਨੌਜਵਾਨਾਂ ਦੇ ਬਿਹਤਰ ਭਵਿੱਖ ਲਈ ਕੰਮ ਕਰ ਰਹੈ : ਪ੍ਰਧਾਨ ਮੰਤਰੀ ਮੋਦੀ

ਦੇਸ਼ ਪ੍ਰਦੇਸ਼ **ਨਵੀਂ ਦਿੱਲੀ , 23 ਮਈ (ਦੇਸ਼ ਪ੍ਰਦੇਸ਼ ਬਿਊਰੋ)** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨੀਵਾਰ ਨੂੰ 51 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਲਈ ਨਿਯੁਕਤੀ ਪੱਤਰ ਦਿੱਤੇ। ਇਸ ਵਿਚ ਚੁਣੇ ਗਏ ਨੌਜਵਾਨਾਂ ਨੂੰ ਰੇਲਵੇ, ਗ੍ਰਹਿ ਮੰਤਰਾਲੇ, ਸਿਹਤ ਵਿਭਾਗ, ਵਿੱਤੀ ਸੇਵਾਵਾਂ ਅਤੇ ਉੱਚ ਸਿੱਖਿਆ ਸਮੇਤ ਕਈ ਸਰਕਾਰੀ ਵਿਭਾਗਾਂ ਵਿਚ ਨੌਕਰੀਆਂ ਮਿਲੀਆਂ। ਪ੍ਰਧਾਨ ਮੰਤਰੀ ਮੋਦੀ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਦੇਸ਼ ਦੇ 47 ਸ਼ਹਿਰਾਂ ਵਿੱਚ ਆਯੋਜਿਤ 19ਵੇਂ ਰੁਜ਼ਗਾਰ ਮੇਲੇ ਵਿਚ ਹਿੱਸਾ ਲਿਆ। ਇਸ ਤੋਂ ਪਹਿਲਾਂ ਦੇਸ਼ ਭਰ ਵਿਚ 18 ਰੋਜ਼ਗਾਰ ਮੇਲੇ ਲੱਗ ਚੁੱਕੇ ਹਨ, ਜਿਨ੍ਹਾਂ ਵਿਚ ਕਰੀਬ 12 ਲੱਖ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਦਿੱਤੇ ਜਾ ਚੁੱਕੇ ਹਨ। ਇਸ ਤੋਂ ਪਹਿਲਾਂ ਮੋਦੀ ਨੇ ਐਕਸ 'ਤੇ ਇਕ ਪੋਸਟ 'ਚ ਲਿਖਿਆ- ਸਰਕਾਰ ਨੌਜਵਾਨਾਂ ਦੇ ਬਿਹਤਰ ਭਵਿੱਖ ਅਤੇ ਉਨ੍ਹਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਰੁਜ਼ਗਾਰ ਮੇਲੇ ਰਾਹੀਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਹਾਸਲ ਕਰਨ ਦਾ ਮੌਕਾ ਮਿਲ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ, 'ਅੱਜ ਭਾਰਤ ਦੇ

ਨੌਜਵਾਨ ਦੁਨੀਆ ਦੇ ਹਰ ਖੇਤਰ ਵਿੱਚ ਆਪਣੀ ਪਹਿਚਾਣ ਬਣਾ ਰਹੇ ਹਨ। ਇਹੀ ਭਾਵਨਾ, ਇਹੀ ਊਰਜਾ ਲੋਕ ਸੇਵਾ ਵਿਚ ਵੀ ਝਲਕਣੀ ਚਾਹੀਦੀ ਹੈ। ਅਜਿਹੇ ਨੌਜਵਾਨਾਂ ਦੇ ਯਤਨਾਂ ਨਾਲ ਭਾਰਤ ਦਾ ਵਿਕਾਸ ਹੋਵੇਗਾ, ਜੋ ਆਪਣੇ ਕੰਮ ਨੂੰ ਦੇਸ਼ ਅਤੇ ਲੋਕਾਂ ਦੀ ਸੇਵਾ ਦਾ ਸਾਧਨ ਸਮਝਦੇ ਹਨ... ਮੈਨੂੰ ਪੂਰਾ ਭਰੋਸਾ ਹੈ ਕਿ ਜਿਨ੍ਹਾਂ ਨੌਜਵਾਨਾਂ ਨੂੰ ਅੱਜ ਨਿਯੁਕਤੀ ਪੱਤਰ ਮਿਲੇ ਹਨ, ਉਹ ਭਾਰਤ ਦੀ ਵਿਕਾਸ ਯਾਤਰਾ ਨੂੰ ਨਵੀਂ ਬੁਲੰਦੀ ਪ੍ਰਦਾਨ ਕਰਨਗੇ।'

ਸਕੂਲ ਦੀ ਛੱਤ ਡਿੱਗਣ ਕਾਰਨ ਮਲਬੇ ਹੇਠ ਦੱਬੇ ਮਾਸੂਮ ਬੱਚੇ, 15 ਜ਼ਖ਼ਮੀ ਤੇ 4 ਦੀ ਹਾਲਤ ਨਾਜ਼ੁਕ

ਫਰੀਦਾਬਾਦ, 23 ਮਈ (ਦੇਸ਼ ਪ੍ਰਦੇਸ਼ ਬਿਊਰੋ) : ਸ਼ਹਿਰ ਦੀ ਭਾਰਤ ਕਲੋਨੀ ਵਿੱਚ ਸਥਿਤ ਹੰਸ ਮੈਮੋਰੀਅਲ ਸਕੂਲ ਵਿੱਚ ਸ਼ੁੱਕਰਵਾਰ ਨੂੰ ਇੱਕ ਵੱਡਾ ਹਾਦਸਾ ਵਾਪਰ ਗਿਆ। ਸਕੂਲ ਦੇ ਗੁਆਂਢ ਵਿੱਚ ਸਥਿਤ ਇੱਕ ਬੰਦ ਪਏ ਮਕਾਨ ਦੀ ਕੰਧ ਅਚਾਨਕ ਡਿੱਗ ਗਈ, ਜਿਸ ਦੀ ਲਪੇਟ ਵਿੱਚ ਆਉਣ ਕਾਰਨ ਸਕੂਲ ਦੀ ਛੱਤ ਟੁੱਟ ਕੇ ਹੇਠਾਂ ਕਲਾਸ ਵਿੱਚ ਪੜ੍ਹ ਰਹੇ ਬੱਚਿਆਂ 'ਤੇ ਜਾ ਡਿੱਗੀ। ਇਸ ਹਾਦਸੇ ਵਿੱਚ ਕਰੀਬ 14 ਤੋਂ 15 ਬੱਚੇ ਜ਼ਖ਼ਮੀ ਹੋ ਗਏ ਹਨ। ਦੱਸਿਆ ਜਾ ਰਿਹਾ ਹੈ ਕਿ ਸਕੂਲ ਦੀ ਛੱਤ ਰਵਾਇਤੀ ਗਰਡਰ-ਐਂਡ-ਸਲੈਬ ਵਿਧੀ ਦੀ ਵਰਤੋਂ ਕਰਕੇ ਬਣਾਈ ਗਈ ਸੀ; ਡਿੱਗਦੀ ਕੰਧ ਦੇ ਭਾਰੀ ਦਬਾਅ ਕਾਰਨ ਇਹ ਤੁਰੰਤ ਟੁੱਟ ਗਈ ਅਤੇ ਢਹਿ ਗਈ। ਘਟਨਾ ਸਮੇਂ ਬੱਚੇ ਆਪਣੀਆਂ ਕਲਾਸਾਂ ਵਿੱਚ ਜਾ ਰਹੇ ਸਨ। ਮਲਬੇ ਦੇ ਅਚਾਨਕ ਡਿੱਗਣ ਨਾਲ ਸਕੂਲ ਦੇ ਅਹਾਤੇ ਵਿੱਚ ਦਹਿਸ਼ਤ ਅਤੇ ਹਫੜਾ-ਦਫੜੀ ਮਚ ਗਈ। ਘਟਨਾ ਦੀ ਸੂਚਨਾ ਮਿਲਦੇ ਹੀ ਸਕੂਲ

ਬਾਕੀ ਸਫ਼ਾ 7 'ਤੇ

ਸਰਕਾਰ ਦੁਆਰਾ ਪਾਸ ਕਾਨੂੰਨ ਵਿਚਲੀਆਂ ਊਣਤਾਈਆਂ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਾ ਪ੍ਰਚਾਰਕਾਂ ਦੀ ਵੱਡੀ ਜ਼ੁੰਮੇਵਾਰੀ : ਐਡਵੋਕੇਟ ਧਾਮੀ

ਦੇਸ਼ ਪ੍ਰਦੇਸ਼ **ਅੰਮ੍ਰਿਤਸਰ, 23 ਮਈ (ਮੋਹਕਮ ਸਿੰਘ)** : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਅੱਜ ਮਾਝੇ ਨਾਲ ਸਬੰਧਤ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਤਰਨ ਤਾਰਨ ਅਤੇ ਫਿਰੋਜ਼ਪੁਰ ਜ਼ਿਲ੍ਹਿ ?ਹਆਂ ਦੇ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਿੰਘਾਂ ਦੀ ਇਕੱਤਰਤਾ ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਸ. ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਈ। ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026ਵਿਚ ਦਰਜ ਉਨ੍ਹਾਂ ਮੱਦਾਂ ਜੋ ਸਿੱਖ ਸੰਗਤਾਂ ਨੂੰ ਗੁਰਬਾਣੀ ਨਾਲੋਂ ਦੂਰ ਕਰਨ ਦਾ ਕਾਰਨ ਬਣਨਗੀਆਂ ਬਾਰੇ ਵਿਚਾਰ ਚਰਚਾ ਕੀਤੀ ਗਈ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ 31 ਮਈ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਬੁਲਾਈ ਗਈ ਪੰਥਕ ਕਾਨਫ਼ਰੰਸ ਵਿਚ ਗੁਰਦੁਆਰਾ

ਕਮੇਟੀਆਂ ਅਤੇ ਸੰਗਤਾਂ ਦੀ ਭਰਵੀਂ ਸ਼ਮੂਲੀਅਤ ਲਈ ਪ੍ਰਚਾਰਕ ਸਿੰਘਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਵੱਲੋਂ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੇ ਨਾਂ 'ਤੇ ਬਣਾਏ ਗਏ ਇਸ ਕਾਨੂੰਨ ਵਿਚ ਕਸਟੋਡੀਅਨ ਸ਼ਬਦ ਰਾਹੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ ਕਰਨ ਵਾਲਿਆਂ ਨੂੰ ਵੀ ਦੋਸ਼ੀ ਠਹਿਰਾਏ ਜਾਣਾ ਕਿਸੇ ਵੀ ਤਰ੍ਹਾਂ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸਰਕਾਰ ਦੁਆਰਾ ਲਿਆਂਦਾ ਗਿਆ ਇਹ ਕਾਨੂੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਘਰ-ਘਰ ਅੰਦਰ ਧਰਮਸਾਲ ਦੇ ਸਿਧਾਂਤ ਵਿਰੁੱਧ ਸਿੱਖ ਸੰਗਤਾਂ ਨੂੰ ਗੁਰਬਾਣੀ ਨਾਲੋਂ ਤੋੜਨ ਦਾ ਇਕ ਯਤਨ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ

ਬਾਕੀ ਸਫ਼ਾ 7 'ਤੇ

ਰਾਘਵ ਚੱਢਾ ਦੀ ਰਾਜ ਸਭਾ ਦੀ ਪਟੀਸ਼ਨ ਕਮੇਟੀ ਦੇ ਨਵੇਂ ਚੇਅਰਮੈਨ ਵਜੋਂ ਨਿਯੁਕਤੀ

ਨਵੀਂ ਦਿੱਲੀ, 23 ਮਈ (ਦੇਸ਼ ਪ੍ਰਦੇਸ਼ ਬਿਊਰੋ) : ਆਮ ਆਦਮੀ ਪਾਰਟੀ (ਆਪ) ਛੱਡ ਕੇ ਭਾਜਪਾ 'ਚ ਸ਼ਾਮਲ ਹੋਏ ਰਾਜ ਸਭਾ ਮੈਂਬਰ ਰਾਘਵ ਚੱਢਾ ਨੂੰ ਰਾਜ ਸਭਾ ਦੀ ਪਟੀਸ਼ਨ ਕਮੇਟੀ ਦਾ ਨਵਾਂ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਰਾਜ ਸਭਾ ਦੇ ਸਪੀਕਰ ਸੀ.ਪੀ. ਰਾਧਾਕ੍ਰਿਸ਼ਨਨ ਨੇ ਪਟੀਸ਼ਨ ਕਮੇਟੀ ਦਾ ਪੁਨਰਗਠਨ ਕਰਨ ਤੋਂ ਬਾਅਦ ਸਦਨ ਦੇ 10 ਮੈਂਬਰਾਂ ਨੂੰ ਇਸ ਕਮੇਟੀ ਲਈ ਨਾਮਜ਼ਦ ਕੀਤਾ। ਰਾਜ ਸਭਾ ਦੀ ਇਕ ਨੋਟੀਫਿਕੇਸ਼ਨ 'ਚ ਕਿਹਾ ਗਿਆ,'ਰਾਘਵ ਚੱਢਾ ਨੂੰ ਕਮੇਟੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।' ਨੋਟੀਫਿਕੇਸ਼ਨ 'ਚ ਕਿਹਾ ਗਿਆ ਕਿ ਰਾਜ ਸਭਾ ਦੇ ਸਪੀਕਰ ਨੇ 20

ਬਾਕੀ ਸਫ਼ਾ 7 'ਤੇ

ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧਾ: 10 ਦਿਨਾਂ 'ਚ ਤੀਜੀ ਵਾਰ ਕੀਮਤਾਂ ਵਧਣ 'ਤੇ ਹੰਗਾਮਾ

ਦੇਸ਼ ਪ੍ਰਦੇਸ਼

ਚੰਡੀਗੜ੍ਹ, 23 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਇੱਕ ਵਾਰ ਫਿਰ ਵਾਧਾ ਕੀਤਾ ਗਿਆ ਹੈ। ਅੱਜ ਪੈਟਰੋਲ 87 ਪੈਸੇ ਪ੍ਰਤੀ ਲੀਟਰ ਅਤੇ ਡੀਜ਼ਲ 91 ਪੈਸੇ ਪ੍ਰਤੀ ਲੀਟਰ ਮਹਿੰਗਾ ਹੋ ਗਿਆ ਹੈ। ਇਹ ਸਿਰਫ਼ 10 ਦਿਨਾਂ ਵਿੱਚ ਤੀਜੀ ਵਾਰ ਹੈ ਜਦੋਂ ਬਾਲਣ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਹੈ। ਵਧਦੀਆਂ ਕੀਮਤਾਂ ਨੇ ਜਨਤਾ ਵਿੱਚ ਰੋਸ ਪੈਦਾ ਕਰ ਦਿੱਤਾ ਹੈ। ਵਾਧੇ ਤੋਂ ਬਾਅਦ, ਲੁਧਿਆਣਾ ਵਿੱਚ ਪੈਟਰੋਲ ਦੀ ਕੀਮਤ ਹੁਣ 103.03 ਰੁਪਏ ਪ੍ਰਤੀ ਲੀਟਰ ਤੱਕ ਪਹੁੰਚ ਗਈ ਹੈ। ਇਸ ਦੌਰਾਨ, ਅੰਮ੍ਰਿਤਸਰ ਵਿੱਚ, ਪੈਟਰੋਲ ਦੀ ਕੀਮਤ ਹੁਣ 102.12 ਰੁਪਏ ਪ੍ਰਤੀ ਲੀਟਰ ਹੈ। ਚੰਡੀਗੜ੍ਹ ਵਿੱਚ, ਪੈਟਰੋਲ ਦੀ ਕੀਮਤ 98.12 ਰੁਪਏ ਅਤੇ ਡੀਜ਼ਲ 86.12 ਰੁਪਏ ਹੋ ਗਈ ਹੈ। ਇਸ ਦੌਰਾਨ,

ਆਮ ਆਦਮੀ ਪਾਰਟੀ (ਆਪ) ਦੇ ਨੇਤਾ ਮਨੀਸ਼ ਸਿਸੋਦੀਆ ਨੇ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਨੂੰ ਲੈ ਕੇ ਮੋਦੀ ਸਰਕਾਰ 'ਤੇ ਨਿਸ਼ਾਨਾ ਸਾਧਿਆ। ਸਿਸੋਦੀਆ ਨੇ ਟਵੀਟ ਕੀਤਾ: 'ਮੋਦੀ ਜੀ, ਤੁਸੀਂ ਸਿਰਫ ਦਸ ਦਿਨਾਂ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ 5 ਰੁਪਏ ਦਾ ਵਾਧਾ ਕਰ ਦਿੱਤਾ ਹੈ! ਕੁਝ ਕਰੋ! ਤੁਸੀਂ ਕਦੋਂ ਤੱਕ ਦੇਸ਼ ਦੀ ਜਨਤਾ ਨੂੰ 'ਟੋਫੀਆਂ ਅਤੇ ਲਾਲੀਪੌਪ' ਦੀਆਂ ਗੋਲੀਆਂ ਦਿਖਾ ਕੇ ਆਪਣੀਆਂ ਅਸਫਲਤਾਵਾਂ ਤੋਂ ਭਟਕਾਉਂਦੇ ਰਹੋਗੇ? ਈਡੀ ਅਤੇ ਸੀਬੀਆਈ ਨੂੰ ਲਾਭ ਵਜੋਂ ਵਰਤ ਕੇ ਸਵਾਲ ਪੁੱਛਣ ਵਾਲਿਆਂ ਨੂੰ ਤੁਸੀਂ ਕਦੋਂ ਤੱਕ ਚੁੱਪ ਕਰਵਾਓਗੇ? ਕੁਝ ਕਰੋ— ਤੁਸੀਂ ਦੇਸ਼ ਦੇ ਪ੍ਰਧਾਨ ਮੰਤਰੀ ਹੋ!' ਵਿਸ਼ਵਵਿਆਪੀ ਊਰਜਾ ਸੰਕਟ ਅਤੇ ਈਰਾਨ ਨਾਲ ਜੁੜੇ ਟਕਰਾਅ ਕਾਰਨ ਤੇਲ ਦੀਆਂ ਕੀਮਤਾਂ ਵਧ ਰਹੀਆਂ ਹਨ। ਇਸ ਨਾਲ ਜਨਤਾ ਵਿੱਚ ਕਾਫ਼ੀ ਨਾਰਾਜ਼ਗੀ ਪੈਦਾ ਹੋਈ ਹੈ। ਲੋਕ ਦਲੀਲ ਦਿੰਦੇ ਹਨ ਕਿ ਉਨ੍ਹਾਂ ਦੇ ਰੋਜ਼ਾਨਾ ਜੀਵਨ ਦੇ ਖਰਚੇ ਪਹਿਲਾਂ ਹੀ ਅਸਮਾਨ ਛੂਹ ਚੁੱਕੇ ਹਨ, ਅਤੇ ਹੁਣ, ਪੈਟਰੋਲ ਅਤੇ ਡੀਜ਼ਲ ਦੇ ਮਹਿੰਗੇ ਹੋਣ ਨਾਲ, ਆਉਣਾ-ਜਾਣਾ ਮੁਸ਼ਕਲ ਹੁੰਦਾ ਜਾ ਰਿਹਾ ਹੈ। ਇਹ ਪ੍ਰਭਾਵ ਤਨਖਾਹਦਾਰ ਕਰਮਚਾਰੀਆਂ, ਆਟੋ-ਰਿਕਸ਼ਾ ਚਾਲਕਾਂ ਅਤੇ ਛੋਟੇ ਪੱਧਰ ਦੇ ਵਪਾਰੀਆਂ ਦੁਆਰਾ ਸਭ ਤੋਂ ਵੱਧ ਮਹਿਸੂਸ ਕੀਤਾ ਜਾ ਰਿਹਾ ਹੈ। ਸ਼ਹਿਰ ਦੇ ਵਸਨੀਕ ਚੇਤਾਵਨੀ ਦਿੰਦੇ ਹਨ ਕਿ ਬਾਲਣ ਦੀ ਵਧਦੀ

ਬਾਕੀ ਸਫ਼ਾ 7 'ਤੇ

ਕਾਕਰੋਚ ਜਨਤਾ ਪਾਰਟੀ ਨੂੰ ਸੋਨਮ ਵਾਂਗਚੁਕ ਦਾ ਮਿਲਿਆ ਸਮਰਥਨ

ਖੁਦ ਨੂੰ 'ਸਨਮਾਨਿਤ ਕਾਕਰੋਚ' ਐਲਾਨਦਿਆਂ ਸਰਕਾਰ ਨੂੰ ਨੌਜਵਾਨਾਂ ਦੀਆਂ ਆਵਾਜ਼ਾਂ ਵੱਲ ਧਿਆਨ ਦੇਣ ਦੀ ਅਪੀਲ

ਦੇਸ਼ ਪ੍ਰਦੇਸ਼ **ਨਵੀਂ ਦਿੱਲੀ, 23 ਮਈ (ਦੇਸ਼ ਪ੍ਰਦੇਸ਼ ਬਿਊਰੋ)** : ਵਾਤਾਵਰਣਵਾਦੀ ਅਤੇ ਸਿੱਖਿਆ ਸ਼ਾਸਤਰੀ ਸੋਨਮ ਵਾਂਗਚੁਕ ਨੇ 'ਕਾਕਰੋਚ ਜਨਤਾ ਪਾਰਟੀ' (ਸੀਜੇਪੀ) ਦੇ ਔਨਲਾਈਨ ਅੰਦੋਲਨ ਨੂੰ